Dispatch No I/18945/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਫਰੀਦਕੋਟ

ਹੁਣ ਕਣਕ ਦੀ ਕਟਾਈ ਸਵੇਰੇ ਸੱਤ ਵਜੇ ਤੋਂ ਸ਼ਾਮ ਅੱਠ ਵਜੇ ਤਕ ਹੋ ਸਕੇਗੀ ਜ਼ਿਲ੍ਹਾ ਮੈਜਿਸਟ੍ਰੇਟ

ਪਹਿਲਾਂ ਇਹ ਸਮਾਂ ਸਵੇਰੇ ਛੇ ਵਜੇ ਤੋਂ ਸ਼ਾਮ ਸੱਤ ਵਜੇ ਤੱਕ ਸੀ

ਫਰੀਦਕੋਟ 18 ਅਪ੍ਰੈਲ 2020 (   ) ਜਿਲ੍ਹਾ ਮੈਜਿਸਟਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਵੱਲੋਂ ਜਿਲ੍ਹੇ ਵਿਚ ਕਰੋਨਾ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਲਈ 23 ਮਾਰਚ 2020 ਨੂੰ ਲਗਾਏ ਗਏ ਕਰਫਿਊ ਦੀ ਲਗਾਤਾਰਤਾ ਵਿਚ ਜਿਲ੍ਹੇ  ਅੰਦਰ ਫਸਲ ਦੀ ਕਟਾਈ ਲਈ ਹਾਰਵੈਸਟਰ ਕੰਬਾਈਨਜ਼ ਨੂੰ ਸਵੇਰੇ ਛੇ ਵਜੇ ਤੋਂ ਲੈ ਕੇ ਸ਼ਾਮ  ਸੱਤ ਵਜੇ ਤੱਕ ਚਲਾਉਣ ਦੀ ਪ੍ਰਵਾਨਗੀ ਦਿੱਤੀ ਗਈ ਸੀ ।

ਪੰਜਾਬ ਸਰਕਾਰ ਗ੍ਰਹਿ ਮੰਤਰਾਲੇ ਅਤੇ ਨਿਆਂ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਆਈ ਏ ਐੱਸ ਨੇ  ਹਾਰਵੈਸਟ ਕੰਬਾਈਨ ਨੂੰ ਸਵੇਰੇ ਸੱਤ ਵਜੇ ਤੋਂ ਲੈ ਕੇ ਸ਼ਾਮ ਅੱਠ ਵਜੇ ਤੱਕ ਚਲਾਉਣ ਦੇ ਹੁਕਮ ਦਿੱਤੇ ਹਨ ।ਇਹ ਹੁਕਮ ਮਿਤੀ 31-05-2020  ਤੱਕ ਲਾਗੂ ਰਹਿਣਗੇ ।

Dispatch No. (I/18984/2020)

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ ਫਰੀਦਕੋਟ

ਜ਼ਰੂਰੀ ਸਮਾਨ ਦੇ ਸਟੋਰਾਂ ਨੂੰ ਲੱਭਣ ਲਈ ਪੰਜਾਬ ਸਰਕਾਰ ਨੇ ਆਨਲਾਈਨ ਲਿੰਕ ਪ੍ਰਦਾਨ ਕੀਤਾ

ਫਰੀਦਕੋਟ 18 ਅਪ੍ਰੈਲ

ਕੋਵਿਡ -19 ਸੰਕਟ ਦੇ ਵਿਚਕਾਰ, ਪੰਜਾਬ ਸਰਕਾਰ ਨੇ ਨੇੜਲੇ ਜ਼ਰੂਰੀ ਮਾਲ ਸਟੋਰਾਂ ਨੂੰ ਲੱਭਣ ਲਈ ਇੱਕ ਆਨਲਾਈਨ ਲਿੰਕ ਪ੍ਰਦਾਨ ਕੀਤਾ ਹੈ ਜਿਨ੍ਹਾਂ ਕੋਲ ਕਰਫਿਊ ਦੌਰਾਨ ਖੁੱਲਣ ਦਾ ਲਾਇਸੈਂਸ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਸਰਕਾਰ ਦੇ ਬੁਲਾਰੇ ਨੇ ਦੱਸਿਆ ਕਿ ਰਾਜ ਸਰਕਾਰ ਨੇ https://essentialservices.punjab.gov.in ‘ਤੇ ਜ਼ਰੂਰੀ ਮਾਲ ਸਟੋਰਾਂ ਦਾ ਇੱਕ ਆਨਲਾਇਨ ਨਕਸ਼ਾ ਪ੍ਰਦਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕ ਮੈਡੀਕਲ, ਕਰਿਆਨਾ , ਦੁੱਧ, ਫਲ, ਸਬਜ਼ੀਆਂ ਆਦਿ ਲਈ ਨੇੜੇ ਦੇ ਸਟੋਰਾਂ ਨੂੰ ਇਸ ਲਿੰਕ ਤੇ ਕਲਿੱਕ ਕਰਕੇ ਲੱਭ ਸਕਦੇ ਹਨ।

ਬੁਲਾਰੇ ਨੇ ਅੱਗੇ ਕਿਹਾ ਕਿ ਕਰਫਿਊ ਦੇ ਦੌਰਾਨ ਕਾਰੋਬਾਰ ਖੋਲ੍ਹਣ ਦਾ ਲਾਇਸੈਂਸ ਰੱਖਣ ਵਾਲੇ ਸਾਰੇ ਲੋੜੀਂਦੇ ਮਾਲ ਸਟੋਰਾਂ ਦੇ ਸਥਾਨ ਇਸ ਨਕਸ਼ੇ 'ਤੇ ਉਨ੍ਹਾਂ ਦੇ ਸੰਪਰਕ ਵੇਰਵਿਆਂ ਦੇ ਨਾਲ ਪਿੰਨ ਕੀਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਮੋਬਾਈਲ ਉੱਤੇ ਇਸ ਸਹੂਲਤ ਦਾ ਲਾਭ ਲੈਣ ਲਈ ਲੋਕੇਸ਼ਨ ਬਟਨ ਨੂੰ ਚਲਾਉਣਾ ਪਵੇਗਾ।

Dispatch No. I/18938/2020

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਜ਼ਿਲ੍ਹਾ ਮਜਿਸਟ੍ਰੇਟ ਵੱਲੋਂ ਧੂੰਆਂ ਰਹਿਤ ਤੰਬਾਕੂ ,ਪਾਨ ਮਸਾਲਾ ਅਤੇ ਹੋਰ ਅਜਿਹੇ ਉਤਪਾਦਾਂ ਦੇ ਉਤਪਾਦਨ, ਨਿਰਮਾਣ ,ਆਯਾਤ -ਨਿਰਯਾਤ , ਆਵਾਜਾਈ ਅਤੇ ਭੰਡਾਰਨ ਤੇ ਪਾਬੰਦੀ ਲਗਾਈ

ਅਜਿਹੇ ਉਤਪਾਦਾਂ ਦੀ ਵਰਤੋਂ ਨਾਲ ਕਰੋਨਾ ਮਹਾਂਮਾਰੀ ਅੱਗੇ ਫੈਲ ਸਕਦੀ ਹੈ -ਕੁਮਾਰ ਸੌਰਭ ਰਾਜ

ਫਰੀਦਕੋਟ, 18 ਅਪ੍ਰੈਲ -( )-

ਜ਼ਿਲ੍ਹਾ ਮੈਜਿਸਟ੍ਰੇਟ ਫ਼ਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਨੇ 23ਮਾਰਚ ਨੂੰ ਜ਼ਿਲ੍ਹੇ ਵਿੱਚ ਲਗਾਏ ਗਏ ਕਰਫਿਊ ਦੀ ਲਗਾਤਾਰਤਾ ਦੇ ਸੰਬੰਧ ਵਿੱਚ ਫਰੀਦਕੋਟ ਜ਼ਿਲ੍ਹੇ ਵਿੱਚ ਕਰੋਨਾ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਵਿਸ਼ੇਸ਼ ਹੁਕਮ ਜਾਰੀ ਕੀਤੇ ਹਨ ।

ਜ਼ਿਲ੍ਹਾ ਮਜਿਸਟ੍ਰੇਟ ਨੇ ਧੂੰਆਂ ਰਹਿਤ ਤੰਬਾਕੂ ,ਪਾਨ ਮਸਾਲਾ ਜਾਂ ਹੋਰ ਅਜਿਹੇ ਉਤਪਾਦ ਜਿਨ੍ਹਾਂ ਨਾਲ ਕਰੋਨਾ ਮਹਾਂਮਾਰੀ ਦੇ ਅੱਗੇ ਫੈਲਣ ਦਾ ਖ਼ਤਰਾ ਬਣਿਆ ਹੈ ,ਦੇ ਉਤਪਾਦਨ, ਨਿਰਮਾਣ ,ਆਯਾਤ -ਨਿਰਯਾਤ ,ਆਵਾਜਾਈ ,ਵਿਕਰੀ ,ਵੰਡ ,ਭੰਡਾਰਨ ਅਤੇ ਇਸ਼ਤਿਹਾਰਬਾਜ਼ੀ ਤੇ ਅਗਲੇ ਹੁਕਮਾਂ ਤੱਕ ਰੋਕ ਲਗਾ ਦਿੱਤੀ ਹੈ ।

ਜ਼ਿਲ੍ਹਾ ਮੈਜਿਸਟਰੇਟ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਉਤਪਾਦ ਜੋ ਕਿ ਕਰੋਨਾ ਵਰਗੀ ਮਹਾਂਮਾਰੀ ਨੂੰ ਅੱਗੇ ਫੈਲਣ ਲਈ ਮਦਦ ਕਰਦੇ ਹਨ ,ਨਤੀਜੇ ਵਜੋਂ ਲੋਕਾਂ ਲਈ ਅਤੇ ਬਿਮਾਰੀ ਦੇ ਫੈਲਣ ਲਈ ਖਤਰਾ ਬਣਦੇ ਹਨ ਤੰਬਾਕੂਨੋਸ਼ੀ ਤੰਬਾਕੂ, ਪਾਨ ਮਸਾਲਾ ਅਤੇ ਇਸ ਤਰਾਂ ਦੇ ਉਤਪਾਦਾਂ ਦੀ ਵਰਤੋਂ ਜੋ ਥੁੱਕਣ ਜਾਂ ਇਸ ਦੀ ਵਰਤੋਂ ਅਤੇ ਖੇਤਰੀ ਖੇਤਰ ਵਿੱਚ ਖ਼ਤਰਨਾਕ ਅਤੇ ਮਹਾਂਮਾਰੀ ਬਿਮਾਰੀ ਦੇ ਫੈਲਣ ਨੂੰ ਉਤਸ਼ਾਹਤ ਕਰਦੀ ਹੈ. ।ਇਨ੍ਹਾ ਉਤਪਾਦਾ ਦੀ ਵਰਤੋਂ ਭਾਰਤੀ ਦੰਡਾਵਲੀ ਦੀ ਧਾਰਾ 268, 269, 270 ਅਧੀਨ ਸਜਾ ਯੋਗ ਅਪਰਾਧ ਹੈ।

ਜ਼ਿਲ੍ਹਾ ਮੈਜਿਸਟਰੇਟ, ਫਰੀਦਕੋਟ ਨੇ ਆਈ ਪੀ ਸੀ ਦੀ ਧਾਰਾ 144 ਅਧੀਨ ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਇਨ੍ਹਾ ਵਸਤਾਂ ਦੇ ਉਤਪਾਦਨ, ਨਿਰਮਾਣ, ਆਯਾਤ, ਨਿਰਯਾਤ, ਟ੍ਰਾਂਸਪੋਰਟ, ਵਿਕਰੀ, ਵੰਡ, ਸਟੋਰੇਜ, ਇਸ਼ਤਿਹਾਰਬਾਜ਼ੀ 'ਤੇ ਪਾਬੰਦੀ ਲਗਾ ਦਿੱਤੀ ਹੈ। ਇਸ ਹੁਕਮ ਦੀ ਉਲੰਘਣਾ ਕਰਨ 'ਤੇ ਇੰਡੀਅਨ ਪੀਨਲ ਕੋਡ ਦੀ ਧਾਰਾ 188, 268, 269 ਅਤੇ 270 ਦੇ ਤਹਿਤ ਸਖਤ ਕਾਰਵਾਈ ਕੀਤੀ ਜਾਏਗੀ।

(Dispatch No. I/18989/2020)

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਫ਼ਰੀਦਕੋਟ

ਫ਼ਰੀਦਕੋਟ ਦਾ ਪਹਿਲਾਂ ਕਰੋਨਾ ਪਾਜ਼ਿਟਿਵ ਤੰਦਰੁਸਤ ਹੋ ਕੇ ਘਰ ਪਰਤਿਆ

ਪੰਜਾਬ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦਾ ਕੀਤਾ ਧੰਨਵਾਦ

ਫਰੀਦਕੋਟ 18 ਅਪ੍ਰੈਲ ( ) ਫ਼ਰੀਦਕੋਟ ਦੇ ਪਹਿਲੇ ਕਰੋਨਾ ਪਾਜ਼ੇਟਿਵ ਮਰੀਜ਼ ਇਥੋਂ ਦੇ ਹਰਿੰਦਰਾ ਨਗਰ ਨਿਵਾਸੀ ਆਨੰਦ ਗੋਇਲ ਨੂੰ ਇੱਥੋਂ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੀ ਵਿਸ਼ੇਸ਼ ਕਰੋਨਾ ਵਾਰਡ ਵਿੱਚੋਂ ਇਲਾਜ ਉਪਰੰਤ ਡਿਸਚਾਰਜ ਕਰ ਦਿੱਤਾ ਗਿਆ।ਜ਼ਿਕਰਯੋਗ ਹੈ ਕਿ 2 ਅਪਰੈਲ ਨੂੰ ਆਨੰਦ ਗੋਇਲ ਦੇ ਕਰੋਨਾ ਪਾਜ਼ਟਿਵ ਹੋਣ ਬਾਰੇ ਪਤਾ ਚੱਲਿਆ ਸੀ।ਜਿਸ ਨੂੰ ਤੁਰੰਤ ਹੀ ਸਿਹਤ ਵਿਭਾਗ ਦੀ ਆਰ ਆਰ ਟੀ ਟੀਮ ਵੱਲੋਂ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਦਾਖਲ ਕਰਵਾਇਆ ਗਿਆ ਸੀ।ਜਿੱਥੇ ਕਾਲਜ ਦੇ ਡਾਕਟਰਾਂ ਵੱਲੋਂ ਉਸ ਦੀ ਲਗਾਤਾਰ ਨਿਗਰਾਨੀ ਰੱਖੀ ਗਈ ਅਤੇ ਉਸ ਦਾ ਇਲਾਜ ਕੀਤਾ ਗਿਆ ਅਤੇ ਆਨੰਦ ਗੋਇਲ ਦੀ ਹਾਲਤ ਵਿੱਚ ਦਿਨੋ ਦਿਨ ਇਲਾਜ ਨਾਲ ਸੁਧਾਰ ਹੁੰਦਾ ਗਿਆ।ਇਲਾਜ ਉਪਰੰਤ ਸਿਹਤ ਵਿਭਾਗ ਵੱਲੋਂ ਉਸ ਦੇ ਦੋ ਟੈਸਟ ਕਰਵਾਏ ਗਏ ਅਤੇ ਦੋਵੇਂ ਹੀ ਟੈਸਟ ਨੈਗੇਟਿਵ ਪਾਏ ਗਏ ਜਿਸ ਉਪਰੰਤ ਉਸ ਦੀ ਸਿਹਤ ਨੂੰ ਵੇਖਦਿਆਂ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਸਿਹਤ ਵਿਭਾਗ ਵੱਲੋਂ ਚੈਕਿੰਗ ਉਪਰੰਤ ਉਸ ਨੂੰ ਡਿਸਚਾਰਜ ਕਰ ਦਿੱਤਾ ਗਿਆ।

ਇਸ ਮੌਕੇ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਵੀਸੀ ਡਾ ਰਾਜ ਬਹਾਦੁਰ ਅਤੇ ਸਿਵਲ ਸਰਜਨ ਡਾ ਰਾਜਿੰਦਰ ਕੁਮਾਰ ਅਤੇ ਮੈਡੀਕਲ ਸਟਾਫ ਦੀ ਹਾਜ਼ਰੀ ਵਿੱਚ ਉਸ ਨੂੰ ਹਸਪਤਾਲ ਤੋਂ ਛੁੱਟੀ ਦਿੱਤੀ ਗਈ।

ਦੂਜੇ ਪਾਸੇ ਫਰੀਦਕੋਟ ਦੇ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਫ਼ਰੀਦਕੋਟ ਦੇ ਪਹਿਲੇ ਕਰੋਨਾ ਪਾਜ਼ੇਟਿਵ ਮਰੀਜ਼ ਆਨੰਦ ਗੋਇਲ ਦੇ ਤੰਦਰੁਸਤ ਹੋਣ ਤੇ ਖੁਸ਼ੀ ਜ਼ਾਹਰ ਕਰਦਿਆਂ ਉਸ ਨੂੰ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਇਸ ਉਪਰਾਲੇ ਲਈ ਸਿਹਤ ਵਿਭਾਗ ,ਬਾਬਾ ਫ਼ਰੀਦ ਯੂਨੀਵਰਸਿਟੀ ਤੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਸਮੂਹ ਮੈਡੀਕਲ ਸਟਾਫ ,ਸਿਹਤ ਕਰਮੀਆਂ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਿਹਤ ਵਿਭਾਗ ਵੱਲੋਂ ਦਿੱਤੀਆਂ ਗਈਆਂ ਸਾਵਧਾਨੀਆਂ ਅਨੁਸਾਰ ਕਰੋਨਾ ਵਰਗੀ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਆਪਣਾ ਸਹਿਯੋਗ ਦੇਣ ਅਤੇ ਸਮਾਜਿਕ ਦੂਰੀ ਬਣਾ ਕੇ ਰੱਖਣ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਵਿੱਚ ਹੀ ਰਹਿਣ ਤਾਂ ਜੋ ਅਸੀਂ ਆਪਣੇ ਆਪ ਤੇ ਪੂਰੇ ਸਮਾਜ ਨੂੰ ਕਰੋਨਾ ਤੋਂ ਸੁਰੱਖਿਅਤ ਰੱਖ ਸਕੀਏ।

ਬਾਬਾ ਫ਼ਰੀਦ ਮੈਡੀਕਲ ਯੂਨੀਵਰਸਿਟੀ ਦੇ ਵੀ ਸੀ ਡਾ ਰਾਜ ਬਹਾਦਰ ਨੇ ਮਰੀਜ਼ ਦੇ ਤੰਦਰੁਸਤ ਹੋਣ ਅਤੇ ਉਸ ਦੇ ਹਸਪਤਾਲ ਤੋਂ ਛੁੱਟੀ ਮਿਲਣ ਤੇ ਖ਼ੁਸ਼ੀ ਜਾਹਰ ਕੀਤੀ ਹੈ।ਉਨ੍ਹਾਂ ਕਿਹਾ ਕਿ ਇਹ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਸਮੂਹ ਸਟਾਫ਼ ,ਸਿਹਤ ਕਰਮੀਆਂ 'ਡਾਕਟਰ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਦੀ ਮਿਹਨਤ ਕਰਕੇ ਮਰੀਜ਼ ਤੰਦਰੁਸਤ ਹੋਇਆ ਹੈ।ਉਨ੍ਹਾਂ ਦੱਸਿਆ ਕਿ ਹਸਪਤਾਲ ਦੀ ਆਈਸੋਲੇਸ਼ਨ ਵਾਰਡ ਵਿੱਚ ਦਾਖ਼ਲ ਦੋ ਹੋਰ ਕਰੋਨਾ

ਪਾਜਟਿਵ ਮਰੀਜ਼ ਵੀ ਪੂਰੀ ਤਰ੍ਹਾਂ ਤੰਦਰੁਸਤ ਹਨ ਅਤੇ ਜਲਦੀ ਠੀਕ ਹੋਣਗੇ ।ਉਨ੍ਹਾਂ ਕਿਹਾ ਕਿ ਆਨੰਦ ਗੋਇਲ ਦੇ ਠੀਕ ਹੋਣ ਉਪਰੰਤ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਬਾਬਾ ਫਰੀਦ ਯੂਨੀਵਰਸਿਟੀ ਦੇ ਸਮੂਹ ਡਾਕਟਰਾਂ ਦਾ ਹੌਸਲਾ ਵਧਿਆ ਹੈ ਤੇ ਇਨ੍ਹਾਂ ਨੂੰ ਇਸ ਤਜਰਬੇ ਤੋਂ ਕਰੋਨਾ ਦੇ ਅੱਗੇ ਇਲਾਜ ਵਿੱਚ ਵੀ ਵੱਡੀ ਮਦਦ ਮਿਲੇਗੀ।

ਸਿਵਲ ਸਰਜਨ ਡਾਕਟਰ ਰਾਜਿੰਦਰ ਕੁਮਾਰ ਨੇ ਦੱਸਿਆ ਕਿ ਮਰੀਜ਼ ਨੂੰ 02-04-2020 ਨੂੰ ਹਸਪਤਾਲ ਵਿਖੇ ਦਾਖਲ ਕੀਤਾ ਗਿਆ ਸੀ ਤੇ 04ਅਪਰੈਲ 2020 ਨੂੰ ਉਸ ਦੀ ਰਿਪੋਰਟ ਪਾਜ਼ੀਟਿਵ ਆਈ ਸੀ ਤੇ ਚੌਦਾਂ ਦਿਨ ਬਾਅਦ ਅੱਜ 18 ਅਪ੍ਰੈਲ ਨੂੰ ਡਿਸਚਾਰਜ ਕੀਤਾ ਜਾ ਰਿਹਾ ਹੈ ਉਨ੍ਹਾ ਦੱਸਿਆ ਕਿ ਅਗਲੇ ਚੌਦਾਂ ਦਿਨਾਂ ਲਈ ਉਸ ਨੂੰ ਹੋਮ ਕੁਆਰਨਟਾਈਨ ਵਿੱਚ ਰੱਖਿਆ ਜਾਵੇਗਾ ।ਉਨ੍ਹਾਂ ਦੱਸਿਆ ਕਿ ਮਰੀਜ਼ ਦੇ ਪੰਜਵੇਂ ਦਿਨ, ਫਿਰ ਦੋ ਟੈਸਟ ਚੌਦਵੇਂ ਦਿਨ, ਤੇ ਚੌਵੀ ਘੰਟੇ ਬਾਅਦ ਫਿਰ ਟੈੱਸਟ ਕਰਵਾਏ ਗਏ ਜੋ ਕਿ ਨੈਗੇਟਿਵ ਪਾਏ ਗਏ ।

ਇਸ ਮੌਕੇ ਆਨੰਦ ਗੋਇਲ ਨੇ ਪੰਜਾਬ ਸਰਕਾਰ ,ਜ਼ਿਲ੍ਹਾ ਪ੍ਰਸ਼ਾਸਨ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫ਼ਰੀਦਕੋਟ, ਬਾਬਾ ਫ਼ਰੀਦ ਯੂਨੀਵਰਸਿਟੀ ਦੇ ਅਧਿਕਾਰੀਆਂ ਤੇ ਸਿਹਤ ਵਿਭਾਗ ਦੇ ਸਮੂਹ ਧਿਰਾਂ ਦਾ ਧੰਨਵਾਦ ਕੀਤਾ ਕਿ ਜਿਨ੍ਹਾਂ ਨੇ ਉਸ ਦਾ ਬਹੁਤ ਵਧੀਆ ਇਲਾਜ ਕੀਤਾ। ਉਨ੍ਹਾਂ ਇਸ ਮੌਕੇ ਅਪੀਲ ਕੀਤੀ ਕਿ ਜੇਕਰ ਕਿਸੇ ਵਿੱਚ ਵੀ ਕਰੋਨਾ ਦੇ ਲੱਛਣ ਸਾਹਮਣੇ ਆਉਂਦੇ ਹਨ ਤਾਂ ਉਹ ਤੁਰੰਤ ਸਿਹਤ ਵਿਭਾਗ ਨੂੰ ਸੂਚਿਤ ਕਰਨ ।ਉਨ੍ਹਾਂ ਲੋਕਾਂ ਨੂੰ ਘਰਾਂ ਵਿਚ ਰਹਿਣ ਦੀ ਅਪੀਲ ਕੀਤੀ ਤਾਂ ਜੋ ਇਸ ਬਿਮਾਰੀ ਨੂੰ ਮਾਤ ਦਿੱਤੀ ਜਾ ਸਕੇ ਤੇ ਇੱਕ ਸਮਾਜਿਕ ਦੂਰੀ ਬਣਾਈ ਰੱਖਣ ਦੀ ਵੀ ਅਪੀਲ ਕੀਤੀ ।ਉਨ੍ਹਾਂ ਕਿਹਾ ਕਿ ਜੇਕਰ ਕੋਈ ਮਰੀਜ਼ ਸਾਹਮਣੇ ਆਉਂਦਾ ਹੈ ਤਾਂ ਉਹ ਇਲਾਜ ਦੇ ਨਾਲ ਨਾਲ ਆਪਣੀ ਇੱਛਾ ਸ਼ਕਤੀ ਨੂੰ ਵੀ ਤਗੜਾ ਰੱਖੇ ਤਾਂ ਜੋ ਇਸ ਬੀਮਾਰੀ ਤੇ ਆਸਾਨੀ ਨਾਲ ਕਾਬੂ ਪਾਇਆ ਜਾ ਸਕੇ ਉਨ੍ਹਾਂ ਫਿਰ ਤੋਂ ਪੰਜਾਬ ਸਰਕਾਰ ,ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਜ਼ਿਲ੍ਹਾ ਪ੍ਰਸ਼ਾਸਨ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ,ਵੀ ਸੀ ਰਾਜ ਬਹਾਦਰ, ਸੀਐਮਓ ਡਾਕਟਰ ਰਾਜਿੰਦਰ ਕੁਮਾਰ ਸਮੇਤ ਸਮੂਹ ਸਟਾਫ ਜਿਨ੍ਹਾਂ ਨੇ ਉਸ ਦਾ ਇਲਾਜ਼ ਕੀਤਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਇਨ੍ਹਾਂ ਦੇ ਉਪਕਾਰ ਲਈ ਹਮੇਸ਼ਾ ਰਿਣੀ ਰਹਿਣਗੇ ।ਜ਼ਿਕਰਯੋਗ ਹੈ ਕਿ ਆਨੰਦ ਗੋਇਲ ਦੀ ਪਤਨੀ ਅਤੇ ਉਸ ਦੇ ਨਵਜੰਮੇ ਬੱਚੇ ਦੀ ਰਿਪੋਰਟ ਵੀ ਨੈਗੇਟਿਵ ਹੈ ਉਨ੍ਹਾਂ ਨੂੰ ਵੀ ਕੱਲ ਹਸਪਤਾਲ ਤੋਂ ਡਿਸਚਾਰਜ ਕਰ ਦਿੱਤਾ ਗਿਆ ਸੀ ।

ਸਮੁੱਚੇ ਫ਼ਰੀਦਕੋਟ ਸ਼ਹਿਰ ਲਈ ਇਹ ਖਬਰ ਰਾਹਤ ਤੇ ਖੁਸ਼ੀ ਭਰੀ ਹੈ ਕਿ ਫਰੀਦਕੋਟ ਦਾ ਪਹਿਲਾ ਕਰੋਨਾ ਪਾਜ਼ਟਿਵ ਮਰੀਜ਼ ਤੰਦਰੁਸਤ ਹੋ ਕੇ ਘਰ ਪਹੁੰਚਿਆ ।

ਇਸ ਮੌਕੇ ਯੂਨੀਵਰਸਿਟੀ ਦੇ ਰਜਿਸਟਰਾਰ ਡਾ.ਗਿਆਨ ਚੰਦ ਅਹੀਰ,ਕੋਵਿਡ-19 ਜ਼ਿਲਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ,ਜ਼ਿਲ੍ਹਾ ਐਪੀਡਿਮੋਲੋਜਿਸਟ ਡਾ.ਵਿਕਰਜੀਤ ਸਿੰਘ,ਡਾ.ਅਨੀਤਾ,ਡਾ. ਰਾਜੀਵ ਜੋਸ਼ੀ ਮੈਡੀਕਲ ਸੁਪਰਡੈਂਟਡਾਕਟਰ ਕਿਰਨ ਨੋਡਲ ਅਫਸਰ , ਮੁਖੀ ਮੈਡੀਸਨ ਵਿਭਾਗ ਡਾਕਟਰ ਰਵਿੰਦਰ ਗਰਗ, ਡਾਕਟਰ ਨਰੇਸ਼ ਬਾਗਲਾ,ਡਾਕਟਰ ਦੀਪਕ ਜੋਨ ਭੱਟੀ, ਡਾਕਟਰ ਰੋਹਿਤ ਚੋਪੜਾ, ਟੀਬੀ ਅਤੇ ਐਨਸਥੀਸੀਆ ਅਤੇ ਗੁਰੁ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਦੇ ਮੈਡੀਕਲ ਅਤੇ ਪੈਰਾ-ਮੈਡੀਕਲ ਟੀਮ ਨੇ ਅਨੰਦ ਗੋਇਲ ਨੂੰ ਸ਼ੁੱਭ ਕਾਮਨਾਵਾਂ ਭੇਟ ਕੀਤੀਆ।